19-Oct-Ludhiana-Page 5_10_12_8.qxd 10/19/2025 11:32 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 20 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1 ਦੁੱਗਰੀ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਮੌਕੇ ਰੰਗ ਬਰੰਗੀਆਂ ਲਾਈਟਾਂ ਨਾਲ ਕੀਤੀ ਸਜਾਵਟ ਦਾ ਮਨਮੋਹਕ ਦ੍ਰਿਸ਼। ਤਸਵੀਰ-ਸੇਵਕ ਸਿੰਘ

ਬੰਦੀ ਛੋੜ ਦਿਵਸ ਨੂੰ ਸਮਰਪਿਤ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵਲੋਂ ਕੀਰਤਨ ਸਮਾਗਮ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਬੰਦੀ ਛੋੜ ਦਿਵਸ ਅਤੇ ਦੀਵਾਲੀ ਦੇ ਤਿਉਹਾਰ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ ਗਿਆ, ਜਿਸ 'ਚ ਬੀਬੀ ਜਸਲੀਨ ਕੌਰ ਲੁਧਿਆਣੇ ਵਾਲਿਆਂ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕੀਤਾ, ਉੱਥੇ ਨਾਲ ਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਫਲਸਫੇ ਉਪਰ ਚਾਨਣਾ ਪਾਉਂਦਿਆਂ ਹੋਇਆਂ ਕਿਹਾ ਕਿ ਉੱਚੇ ਆਦਰਸ਼ਾਂ ਦੇ ਧਾਰਨੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਭਗਤੀ ਤੇ ਸ਼ਕਤੀ ਦੇ ਸੰਕਲਪ ਨੂੰ ਸਿਧਾਂਤਕ ਤੌਰ 'ਤੇ ਪ੍ਰਵਾਨ ਕਰਦਿਆਂ ਮੀਰੀ ਤੇ ਪੀਰੀ ਦੀਆਂ ਦੋ ਕ੍ਰਿਪਾਨਾਂ ਧਾਰਨ ਕਰ ਕੇ ਜਿੱਥੇ ਇੱਕ ਨਵੇਂ ਇਤਿਹਾਸ ਦੀ ਸਿਰਜਣਾ ਕੀਤੀ, ਉੱਥੇ ਨਾਲ ਹੀ ਗਵਾਲੀਅਰ ਦੇ ਕਿਲ੍ਹੇ 'ਚੋਂ 52 ਭਾਰਤੀ ਰਾਜਿਆਂ ਨੂੰ ਰਿਹਾ ਕਰਵਾ ਕੇ ਇੱਕ ਮਿਸਾਲ ਕਾਇਮ ਕੀਤੀ। ਇਸ ਦੌਰਾਨ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਭੁਪਿੰਦਰ ਸਿੰਘ (ਮਨੀ ਜਿਊਲਰਜ਼) ਨੇ ਆਪਣੇ ਸੰਬੋਧਨ 'ਚ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਬੰਦੀ ਛੋੜ ਦਿਵਸ ਮਨਾਉਣਾ ਤਾਂ ਹੀ ਸਫਲਾ ਹੋ ਸਕਦਾ ਹੈ ਜੇਕਰ ਅਸੀਂ ਉਨ੍ਹਾਂ ਦੇ ਉਪਦੇਸ਼ਾਂ ਨੂੰ ਸਮੁੱਚੀ ਮਾਨਵਤਾ ਤੱਕ ਪਹੁੰਚਾਉਣ ਦਾ ਯਤਨ ਕਰੀਏ। ਇਸ ਮੌਕੇ ਉਨ੍ਹਾਂ ਨੇ ਆਪਣੇ ਸਾਥੀਆਂ ਨਾਲ ਸਾਂਝੇ ਤੌਰ 'ਤੇ ਬੀਬੀ ਜਸਲੀਨ ਕੌਰ ਅਤੇ ਉਨ੍ਹਾਂ ਦੇ ਕੀਰਤਨੀ ਜਥੇ ਦੇ ਮੈਂਬਰਾਂ ਨੂੰ ਸਿਰਪਾਉ ਭੇਟ ਕੀਤੇ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਕਰਨੈਲ ਸਿੰਘ ਬੇਦੀ, ਪ੍ਰਿਤਪਾਲ ਸਿੰਘ, ਤਰਲੋਚਨ ਸਿੰਘ ਸਾਂਭਰ, ਹਰਜੀਤ ਸਿੰਘ, ਰਜਿੰਦਰ ਸਿੰਘ ਮਕੱੜ, ਹਰਵਿੰਦਰ ਸਿੰਘ ਬਲਬੀਰ ਕਲਾਥ ਵਾਲੇ, ਕਵੰਲਪ੍ਰੀਤ ਸਿੰਘ ਸਚਦੇਵਾ, ਜਤਿੰਦਰਪਾਲ ਸਿੰਘ ਪ੍ਰਧਾਨ, ਭੁਪਿੰਦਰਪਾਲ ਸਿੰਘ ਧਵਨ, ਮਹਿੰਦਰ ਸਿੰਘ ਡੰਗ, ਰਜਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਪ੍ਰੀਤ ਸਿੰਘ ਪ੍ਰਿੰਸ, ਜੀਤ ਸਿੰਘ, ਗੁਰਵਿੰਦਰ ਸਿੰਘ ਆੜਤੀ, ਹਰਕੀਰਤ ਸਿੰਘ ਬਾਵਾ ਮਸਾਲਾ, ਸੁਰਿੰਦਰ ਸਿੰਘ ਸਚਦੇਵਾ, ਸੁਖਪ੍ਰੀਤ ਸਿੰਘ ਮਨੀ, ਬਾਦਸਾਹਦੀਪ ਸਿੰਘ,ਇੰਦਰਪਾਲ ਸਿੰਘ ਕਾਲੜਾ, ਕਮਲਦੀਪ ਸਿੰਘ ਕਾਲੜਾ, ਮੁਹੰਮਦ ਸਿਰਾਜ ਫਰੈਸ਼ ਮਿਲਕ ਵਾਲੇ, ਡਾ. ਮਨਰੂਪ ਕੌਰ ਬਾਣੀ, ਨਰਿੰਦਰਪਾਲ ਸਿੰਘ ਕਬੂਰੀਆ, ਗੁਰਦੀਪ ਸਿੰਘ ਡੀਮਾਰਟੇ, ਪਰਮਜੀਤ ਸਿੰਘ ਡੀਮਾਰਟੇ, ਪਰਮਿੰਦਰਪਾਲ ਸਿੰਘ ਡੀਮਾਰਟੇ, ਜਗਬੀਰ ਸਿੰਘ, ਡਾ. ਕਰਨਦੀਪ ਸਿੰਘ ਸਿਮਰਨ, ਬਲਫਤਿਹ ਸਿੰਘ ਆਦਿ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਕਰਵਾਏ ਕੀਰਤਨ ਸਮਾਗਮ ਦੌਰਾਨ ਰਾਗੀ ਸਿੰਘਾਂ ਦਾ ਸਨਮਾਨ ਕਰਦੇ ਹੋਏ ਪ੍ਰਬੰਧਕ। ਤਸਵੀਰ-ਸੇਵਕ ਸਿੰਘ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਦੁੱਗਰੀ ਵਿਖੇ ਕੀਰਤਨ ਸਮਾਗਮ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1 ਦੁੱਗਰੀ ਵਿਖੇ ਕਰਵਾਏ ਸਮਾਗਮ ਦੌਰਾਨ ਭਾਈ ਬਲਕਾਰ ਸਿੰਘ ਬੀਰ ਦੇ ਕੀਰਤਨੀ ਜਥੇ ਦਾ ਸਨਮਾਨ ਕਰਦੇ ਹੋਏ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਮਲਕੀਤ ਸਿੰਘ ਅਤੇ ਬਲਜੀਤ ਸਿੰਘ ਬੀਤਾ। ਤਸਵੀਰ : ਸੇਵਕ ਸਿੰਘ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1 ਦੁੱਗਰੀ ਵਿਖੇ ਵਿਸ਼ੇਸ਼ ਕੀਰਤਨ ਸਮਾਗਮ ਗੁ: ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਸਦਕਾ ਕਰਵਾਏ ਗਏ, ਜਿਨ੍ਹਾਂ 'ਚ ਅੰਮ੍ਰਿਤ ਵੇਲੇ ਤੋਂ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ। ਨਿਤਨੇਮ ਅਤੇ ਸੁਖਮਨੀ ਸਾਹਿਬ ਦੇ ਪਾਠ ਸੰਗਤੀ ਰੂਪ 'ਚ ਕਰਵਾਏ ਗਏ। ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਦਿਲਬਾਗ ਸਿੰਘ ਗੁਰੂ ਕਾਸ਼ੀ ਵਾਲਿਆਂ ਦੇ ਜਥੇ ਨੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ ਅਤੇ ਗਿਆਨੀ ਮਹਿੰਦਰ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਗੁਰਬਾਣੀ ਅਤੇ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ ਗਈ। ਸ਼ਾਮ ਦੇ ਪ੍ਰੋਗਰਾਮ 'ਚ ਗਿਆਨੀ ਸੰਦੀਪ ਸਿੰਘ ਜਵੱਦੀ ਟਕਸਾਲ ਵਾਲਿਆਂ ਨੇ ਸੰਗਤਾਂ ਨਾਲ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕੀਤੀ ਅਤੇ ਰਹਿਰਾਸ ਸੋਧਰ ਦੀ ਚੌਕੀ ਤੋਂ ਬਾਅਦ ਬਲਕਾਰ ਸਿੰਘ ਬੀਰ ਲੁਧਿਆਣੇ ਵਾਲਿਆਂ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਰਸ ਭਿੰਨਾ ਕੀਰਤਨ ਸਰਵਣ ਕਰਵਾਇਆ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਮਲਕੀਤ ਸਿੰਘ ਅਤੇ ਬਲਜੀਤ ਸਿੰਘ ਬੀਤਾ ਨੇ ਭਾਈ ਬਲਕਾਰ ਸਿੰਘ ਬੀਰ ਦੇ ਕੀਰਤਨੀ ਜਥੇ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਸਮਾਗਮ 'ਚ ਚੇਅਰਮੈਨ ਬਲਜੀਤ ਸਿੰਘ ਸੇਠੀ ਸੀਨੀਅਰ ਮੈਂਬਰ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ, ਯਸਪਾਲ ਸਿੰਘ, ਗੁਰਦੀਪ ਸਿੰਘ ਕਾਲੜਾ, ਰਜਿੰਦਰ ਸਿੰਘ ਭਾਟੀਆ, ਸੁਖਵਿੰਦਰ ਪਾਲ ਸਿੰਘ, ਚਰਨਜੀਤ ਸਿੰਘ ਪਾਇਲ, ਹਰਨੇਕ ਸਿੰਘ, ਮਨਜੀਤ ਸਿੰਘ ਪਾਇਲ, ਗੁਰਚਰਨ ਸਿੰਘ, ਹਰਨੇਕ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ, ਬਲਬੀਰ ਸਿੰਘ, ਡਾ. ਪ੍ਰੇਮ ਸਿੰਘ ਚਾਵਲਾ, ਤਰਲੋਕ ਸਿੰਘ ਸਚਦੇਵਾ, ਜਗਜੀਵਨ ਸਿੰਘ ਸੋਹਨਪਾਲ, ਵੀਰਨਜੀਤ ਸਿੰਘ ਸੋਹਨਪਾਲ, ਦਰਸਨ ਸਿੰਘ ਸੋਹਨਪਾਲ, ਵਰਿੰਦਰ ਮੋਹਨ ਸਿੰਘ, ਜਗਜੀਤ ਸਿੰਘ, ਤਰਲੋਕ ਸਿੰਘ, ਮਨਿੰਦਰ ਸਿੰਘ, ਜਸਵਿੰਦਰ ਸਿੰਘ, ਹਰਪਾਲ ਸਿੰਘ, ਚਮਨ ਸਿੰਘ, ਕਰਮ ਸਿੰਘ, ਤਜਿੰਦਰ ਸਿੰਘ ਆਦਿ ਹਾਜ਼ਰ ਸਨ।

ਜਵੱਦੀ ਟਕਸਾਲ ਵਿਖੇ ਨਾਮ ਸਿਮਰਨ ਸਮਾਗਮ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਜਵੱਦੀ ਟਕਸਾਲ ਵਿਖੇ ਨਾਮ ਸਿਮਰਨ ਸਮਾਗਮ ਕਰਵਾਇਆ ਗਿਆ, ਜਿਸ 'ਚ ਮੌਜੂਦਾ ਮੁਖੀ ਸੰਤ ਬਾਬਾ ਅਮੀਰ ਸਿੰਘ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰਬਾਣੀ ਸ਼ਬਦਾਂ ਦੇ ਹਵਾਲਿਆਂ ਰਾਹੀਂ ਸਮਝਾਇਆ ਕਿ ਆਤਮਾ ਅਤੇ ਮੋਹ ਦਾ ਹਨੇਰਾ ਦੂਰ ਕਰਨਾ ਬਹੁਤ ਮੁਸ਼ਕਿਲ ਹੈ। ਪ੍ਰਮਾਤਮਾ ਆਤਮਿਕ ਗਿਆਨ ਉਸ ਨੂੰ ਹੀ ਦਿੰਦਾ ਹੈ, ਜਿਹੜੀ ਰੂਹਾਂ ਉਸਦੇ ਨਾਮ ਰੰਗ 'ਚ ਰੰਗੀ ਹੁੰਦੀ ਹੈ। ਬਾਬਾ ਜੀ ਨੇ ਜ਼ੋਰ ਦਿੰਦਿਆਂ ਉਨ੍ਹਾਂ ਸਮਝਾਇਆ ਕਿ ਪ੍ਰਮਾਤਮਾ ਆਤਮਿਕ ਗਿਆਨ ਉਸ ਨੂੰ ਹੀ ਦਿੰਦਾ ਹੈ ਜੋ ਉਸ ਦੀ ਰਚਨਾ ਕੀਤੀ ਹੈ ਤੇ ਉਸ ਦੀ ਓਟ ਕਿਹਾ ਨਾਸ਼ਵਾਨ ਸੰਸਾਰ ਅੰਦਰ ਕੇਵਲ ਤੇ ਕੇਵਲ ਅਮਰ ਉਹ ਪਾਰਬ੍ਰਹਮ ਪਰਮੇਸ਼ਰ ਹੈ, ਜਿਸ ਨੇ ਇਸ ਜਗਤ ਦੀ ਰਚਨਾ ਕੀਤੀ ਹੈ ਤੇ ਉਸ ਦੀ ਓਟ ਸਦਕਾ ਹੀ ਮਾਨਵ ਦਾ ਕਲਿਆਣ ਹੁੰਦਾ ਹੈ। ਮਾਇਆ ਦਾ ਨਸ਼ਾ ਮਾਨਵ 'ਚ ਲੋਭ ਤੇ ਹੰਕਾਰ ਭਰਦਾ ਹੈ ਅਤੇ ਅੰਤ ਵਿਚ ਉਸ ਦਾ ਨਾਸ਼ ਕਰ ਦਿੰਦਾ ਹੈ। ਬਾਬਾ ਜੀ ਨੇ ਗੁਰਬਾਣੀ ਦੇ ਹਵਾਲੇ ਨਾਲ ਸਮਝਾਇਆ ਕਿ ਜਿਨ੍ਹਾਂ ਦੇ ਹਿਰਦੇ ਵਿਚ ਹਰ ਵਕਤ ਅਕਾਲ ਪੁਰਖ ਵਾਹਿਗੁਰੂ ਪ੍ਰਤੀ ਪ੍ਰੀਤ ਰਹਿੰਦੀ ਹੈ, ਉਹ ਸਤ ਤੇ ਸੰਤੋਖ ਦੇ ਅਭਿਆਸ ਦੁਆਰਾ ਹਿਰਦੇ 'ਚੋਂ ਕਪਟ ਤੇ ਵਿਕਾਰ ਤੋਂ ਮੁਕਤੀ ਪਾ ਲੈਂਦਾ ਹੈ।

ਸਮਾਗਮ ਦੌਰਾਨ ਅਰਦਾਸ ਕਰਨ ਸਮੇਂ ਸੰਤ ਬਾਬਾ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ ਵਾਲੇ। ਅਜੀਤ ਤਸਵੀਰ

ਆਰਥਿਕ ਪੱਖੋਂ ਪਛੜੀ 'ਆਪ' ਸਰਕਾਰੀ ਜ਼ਮੀਨਾਂ ਵੇਚਣ ਦੀ ਤਿਆਰੀ 'ਚ-ਗਰੇਵਾਲ, ਬੱਲੂ

ਭਾਮੀਆਂ ਕਲਾਂ/ਲੁਧਿਆਣਾ, 19 ਅਕਤੂਬਰ (ਜਤਿੰਦਰ ਭੰਬੀ)-ਵਿਧਾਨ ਸਭਾ ਹਲਕਾ ਸਾਹਨੇਵਾਲ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਚੇਅਰਮੈਨ ਪਾਲ ਸਿੰਘ ਗਰੇਵਾਲ ਅਤੇ ਸਾਬਕਾ ਕੌਂਸਲਰ ਸੁਖਵਿੰਦਰ ਸਿੰਘ ਬੱਲੂ ਨੇ ਸਾਂਝੇ ਤੌਰ 'ਤੇ 'ਆਪ' ਸਰਕਾਰ ਦੀਆਂ ਨੀਤੀਆਂ ਦੀ ਵਿਰੋਧਤਾ ਕਰਦਿਆਂ ਕਿਹਾ ਕਿ ਤਜਰਬੇ ਦੀ ਘਾਟ ਹੋਣ ਕਰਕੇ ਆਮ ਆਦਮੀ ਪਾਰਟੀ ਸਰਕਾਰ ਚਲਾਉਣ ਵਿਚ ਫ਼ੇਲ੍ਹ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ ਰੇਤ ਦੇ ਕਾਰੋਬਾਰ ਵਿਚੋਂ ਵੱਡੀ ਕਮਾਈ ਕਰਨ ਦੇ ਦਾਅਵੇ ਕਰਨ ਵਾਲੀ ਆਮ ਆਦਮੀ ਪਾਰਟੀ ਸੱਤਾ ਵਿਚ ਆਉਣ ਉਪਰੰਤ ਸਭ ਕੁੱਝ ਭੁੱਲ ਗਈ, ਜਿਸ ਦਾ ਨਤੀਜਾ ਇਹ ਨਿਕਲਿਆ ਕਿ 'ਆਪ' ਸਪਰੀਮੋਂ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਸਭ ਕੁੱਝ ਭੁੱਲ ਭੁੱਲਾ ਕੇ ਸੱਤਾ ਦਾ ਆਨੰਦ ਮਾਣਨ ਵਿਚ ਰੁੱਝ ਗਏ ਅਤੇ ਹਾਲਾਤ ਇਹ ਬਣ ਗਏ ਕਿ ਆਰਥਿਕ ਪੱਖੋਂ ਪਛੜ ਚੁੱਕੀ 'ਆਪ' ਸਰਕਾਰ ਸਰਕਾਰੀ ਜ਼ਮੀਨਾਂ ਵੇਚਣ ਦੀ ਵਿਉਂਤਬੰਦੀ ਕਰਨ ਲੱਗ ਗਈ ਹੈ, ਜੋ ਕਿ ਸਰਕਾਰ ਦਾ ਨਿੰਦਣਯੋਗ ਫ਼ੈਸਲਾ ਹੈ। ਉਨ੍ਹਾਂ 'ਆਪ' ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਕਾਂਗਰਸ ਵੱਡੇ ਪੱਧਰ 'ਤੇ ਵਿਰੋਧ ਕਰਕੇ 'ਆਪ' ਸਰਕਾਰ ਦੇ ਮਨਸੂਬਿਆਂ ਨੂੰ ਬੂਰ ਨਹੀਂ ਪੈਣ ਦੇਵੇਗੀ।

ਪਾਲ ਸਿੰਘ ਗਰੇਵਾਲ, ਸੁਖਵਿੰਦਰ ਸਿੰਘ ਬੱਲੂ

ਮਿੱਠੀ ਯਾਦ ਵਿੱਚ

ਸਵ.ਸ. ਵੱਸਣ ਸਿੰਘ ਜੀ ਧੰਜਲ
20-05-1929 - 20-10-2007

ਕੇ ਡਬਲਯੂ ਗਰੁੱਪ ਦੇ ਬਾਨੀ ਅਤੇ ਸਾਇਕਲ ਇੰਡਸਟਰੀ ਦੇ ਪਿਤਾਮਾ ਸ. ਵੱਸਣ ਸਿੰਘ ਜੀ ਧੰਜਲ ਜੋ ਅੱਜ ਦੇ ਦਿਨ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦਾ ਸਾਡੇ ਲਈ ਦਿਲ ਦੀਆਂ ਗਹਿਰਾਈਆਂ ਤੋਂ ਪਿਆਰ ਅਤੇ ਮਨੁੱਖੀ ਏਕਤਾ ਅਤੇ ਪਰਿਵਾਰ ਪ੍ਰਤੀ ਦੇਣ ਸਾਡੇ ਦਿਲਾਂ ਵਿਚ ਹਰ ਸਮੇਂ ਉਹਨਾਂ ਦੀ ਯਾਦ ਤਾਜ਼ਾ ਕਰਦੀ ਰਹੇਗੀ। ਉਹ ਇਕ ਮਹਾਨ ਵਿਅਕਤੀ ਸਨ ਜਿਨ੍ਹਾਂ ਨੇ ਗਰੀਬ ਅਤੇ ਪਰਿਵਾਰ ਪ੍ਰਤੀ ਭਲਾਈ ਨੂੰ ਸਦਾ ਮੁੱਖ ਰੱਖਿਆ। ਉਹਨਾਂ ਦੀ 18ਵੀਂ ਬਰਸੀ 'ਤੇ ਅਸੀਂ ਉਹਨਾਂ ਦੇ ਚਰਨਾਂ ਵਿਚ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਵਾਹਿਗੁਰੂ ਕੋਲ ਅਰਦਾਸ ਕਰਦੇ ਹਾਂ ਕਿ ਉਹਨਾਂ ਦੀ ਆਤਮਾ ਨੂੰ ਸ਼ਾਂਤੀ ਪ੍ਰਦਾਨ ਕਰਨ ਅਤੇ ਉਹਨਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ।

ਮਿੱਠੀ ਯਾਦ ਵਿੱਚ
K.W. ENGG. WORKS (REGD.)
B-11, Focal Point, Ludhiana Ph: 2670051-52

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਨਹਿਰੂ ਗਾਰਡਨ ਰੋਡ ਜਲੰਧਰ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: 7107/59

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Nehru Garden Road, Jalandhar
RNI Regd. No:- 7107/59

ਹਰੀ ਦੀਵਾਲੀ ਮਨਾਓ
ਡਾ. ਰਵਜੋਤ ਸਿੰਘ
ਸਥਾਨਕ ਸਰਕਾਰਾਂ ਮੰਤਰੀ
ਡਾ. ਬਲਬੀਰ ਸਿੰਘ
ਸਿਹਤ ਮੰਤਰੀ
ਅਜੀਤਪਾਲ ਸਿੰਘ ਕੋਹਲੀ
ਵਿਧਾਇਕ, ਪਟਿਆਲਾ
ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ
ਸਲਾਹ: ਕੇਵਲ ਵਾਤਾਵਰਣ ਪੱਖੀ ਪਟਾਕਿਆਂ (ਜੋ ਬੇਰੀਅਮ ਸਾਲਟ ਜਾਂ ਐਂਟੀਮਨ